ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 575 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ, ਵਿੱਦਿਅਕ ਖੇਤਰ, ਧਰਮ ਪ੍ਰਚਾਰ ਸੇਵਾਵਾਂ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ। ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਨੇ ਇੱਕ ਵਿਦਵਾਨ ਸਿੱਖ ਸਕਾਲਰ ਵੱਜੋਂ ਆਪਣੀ ਪਹਿਚਾਨ ਬਣਾਈ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 31/35 ਮਿਤੀ:9 -7 -2022

ਉਤਾਰਾ: 1. ਮੈਨੇਜਰ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ (ਰੋਪੜ)।

-ਧਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 576 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਅਫਗਾਨਿਸਤਾਨ ਦੇ ਗੁਰਦੁਆਰਾ ਕਰਤੇ ਪ੍ਰਵਾਨ 'ਚ ਸਵੇਰ ਸਮੇਂ ਅੱਤਵਾਦੀਆਂ ਵੱਲੋਂ ਹਮਲਾ ਕਰਕੇ ਇਕ ਸਿੱਖ ਨੂੰ ਮਾਰਨ ਅਤੇ ਗੁਰਦੁਆਰਾ ਸਾਹਿਬ ਨੂੰ ਅੱਗ ਲਗਾਉਣ ਦੀ ਘਟਨਾ ਉਪਰ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੀ ਹੈ। ਅੱਜ ਦੀ ਇਕੱਤਰਤਾ ਮਹਿਸੂਸ ਕਰਦੀ ਹੈ ਕਿ ਸਿੱਖਾਂ ਨੇ ਆਪਣੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੇ ਚੱਲਦਿਆਂ ਹਰ ਇੱਕ ਨਾਲ ਮਿਲਵਰਤਣ ਦੀ ਰਿਵਾਇਤ ਕਾਇਮ ਰੱਖੀ ਹੈ, ਪ੍ਰੰਤੂ ਕੁੱਝ ਕੱਟੜ ਸੋਚ ਵਾਲੇ ਲੋਕ ਧਰਮ ਤੇ ਇਤਿਹਾਸ ਦੀਆਂ ਰਿਵਾਇਤਾ ਪ੍ਰੰਪਰਾਵਾਂ ਨੂੰ ਭੁੱਲ ਕੇ ਸਿੱਖਾਂ ਨੂੰ ਅਫਗਾਨਿਸਤਾਨ ਵਿਚ ਨਿਸ਼ਾਨਾ ਬਣਾ ਰਹੇ ਹਨ ਜੋ ਕਿ ਨਿੰਦਨ ਯੋਗ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਫਗਾਨਿਸਤਾਨ ਦੇ ਗੁਰਦੁਆਰਾ ਕਰਤੇ ਪ੍ਰਵਾਨ 'ਚ ਮਾਰੇ ਗਏ ਸਿੱਖ ਲਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21117

ਮਿਤੀ 12-7-2022

ਉਤਾਰਾ: 1. ਰੀਕਾਰਡ ਕੀਪਰ (ਟਰੱਸਟ ਬ੍ਰਾਂਚ) ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)

ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 586 ਦੀ ਨਕਲ :-**

ਸਤਿਕਾਰਯੋਗ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਪਿਛਲੇ ਦਿਨੀਂ ਝਾਰਖੰਡ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਸਮੇਂ ਪਿੰਡ ਕੇਦੂਲੀ ਅਤੇ ਡੂੰਮਰੀ ਕਲਾਂ ਵਿਖੇ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਵਲੋਂ ਗੁ: ਸਾਹਿਬ ਲਈ 2,50,000/-ਅੱਖਰੀਂ ਦੋ ਲੱਖ ਪੰਜਾਹ ਹਜ਼ਾਰ ਰੁਪਏ ਪ੍ਰਤੀ ਪਿੰਡ ਦੇਣ ਦਾ ਐਲਾਨ ਕੀਤਾ ਸੀ। ਉਪਰੋਕਤ ਲਿਖੇ ਅਨੁਸਾਰ ਦੋਵਾਂ ਪਿੰਡਾਂ ਨੂੰ 2,50,000/-ਅੱਖਰੀਂ ਦੋ ਲੱਖ ਪੰਜਾਹ ਹਜ਼ਾਰ ਰੁਪਏ ਪ੍ਰਤੀ ਗੁ: ਸਾਹਿਬ ਸਹਾਇਤਾ ਦੇਣ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸਤਿਕਾਰਯੋਗ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕੀਤੇ ਐਲਾਨ ਅਨੁਸਾਰ ਸ੍ਰੀ ਗੁਰੂ ਸਿੰਘ ਸਭਾ, ਕੇਦੂਲੀ ਅਤੇ ਸ੍ਰੀ ਗੁਰੂ ਸਿੰਘ ਸਭਾ, ਡੂੰਮਰੀ ਕਲਾਂ (ਝਾਰਖੰਡ) ਉਪਰੋਕਤ ਦੋਨਾਂ ਪਿੰਡਾਂ ਦੇ ਗੁ: ਸਾਹਿਬਾਨ ਨੂੰ 2,50,000/-, 2,50,000/-ਅੱਖਰੀਂ ਦੋ ਲੱਖ ਪੰਜਾਹ ਹਜ਼ਾਰ ਰੁਪਏ, ਅੱਖਰੀਂ ਦੋ ਲੱਖ ਪੰਜਾਹ ਹਜ਼ਾਰ ਰੁਪਏ ਸਹਾਇਤਾ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21205

ਮਿਤੀ 15-7-2022

ਉਤਾਰਾ:
1. ਸਕੱਤਰ ਸਾਹਿਬ, ਧਰਮ ਪ੍ਰਚਾਰ ਕਮੇਟੀ।
2. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ।
3. ਇੰਚਾਰਜ ਜੀ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 610 ਦੀ ਨਕਲ :-**

ਸਿੱਖ ਇਤਿਹਾਸ ਰੀਸਰਚ ਬੋਰਡ ਦੀ ਇਕੱਤਰਤਾ ਮਿਤੀ 16 ਅਪ੍ਰੈਲ 2022 ਦੇ ਮਤਾ ਨੰਬਰ 13 ਅਨੁਸਾਰ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਸਲਾਨਾ ਕਾਨਫਰੰਸ ਦੀ ਸ਼ੁਰੂਆਤ ਕਰਨ ਵਾਸਤੇ ਹਰੇਕ ਪ੍ਰਕਾਰ ਦੇ ਖਰਚਿਆਂ ਲਈ ਲੋੜੀਂਦਾ ਫੰਡ ਮੁਹੱਈਆ ਕਰਾਉਣ ਅਤੇ ਹਰ ਸਾਲ ਕਾਨਫਰੰਸ ਕਰਵਾਈ ਜਾਇਆ ਕਰੇਗੀ। ਇਸ ਸਾਲ ਦੀ ਕਾਨਫਰੰਸ ਲਈ 5,00,000/-ਅੱਖਰੀਂ ਪੰਜ ਲੱਖ ਰੁਪਏ ਦੀ ਰਾਸ਼ੀ ਜਾਰੀ ਕਰਨ ਲਈ ਸਲਾਨਾ ਬਜਟ ਵਿੱਚ ਇਸ ਸਬੰਧੀ ਫੰਡ ਰਾਖਵਾਂ ਰੱਖਣ ਅਤੇ ਹੋਣ ਵਾਲੇ ਖਰਚਾਂ ਦੀ ਪ੍ਰਵਾਨਗੀ ਦੇਣ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਚਾਲੂ ਮਾਲੀ ਸਾਲ ਲਈ ਸਿੱਖ ਇਤਿਹਾਸ ਰੀਸਰਚ ਬੋਰਡ ਦੀ ਸਲਾਨਾ ਕਾਨਫਰੰਸ ਲਈ 5,00,000/-ਅੱਖਰੀਂ ਪੰਜ ਲੱਖ ਰੁਪਏ ਦੀ ਰਾਸ਼ੀ ਜਾਰੀ ਕਰਨ ਦੀ ਪ੍ਰਵਾਨਗੀ ਦੇਂਦਿਆਂ ਅੱਗੋਂ ਹਰ ਸਾਲ ਇਸ ਕਾਰਜ ਲਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਸਲਾਨਾ ਬਜਟ ਵਿੱਚ ਰਕਮ ਰਾਖਵੀਂ ਰੱਖਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 3/2/1 ਮਿਤੀ/5 -7-2022

ਉਤਾਰਾ: 1. ਇੰਚਾਰਜ ਜੀ ਸਿੱਖ ਇਤਿਹਾਸ ਰੀਸਰਚ ਬੋਰਡ।
2. ਮੁੱਖ ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੳ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 625 ਦੀ ਨਕਲ :-**

ਸਬ ਆਫਿਸ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਚੰਡੀਗੜ੍ਹ ਦੀ ਪੱਤ੍ਰਿਕਾ ਨੰਬਰ 575/22 ਮਿਤੀ 30-06-2022 ਦੇ ਸਬੰਧ ਵਿੱਚ ਐਕਸੀਅਨ ਇਮਾਰਤੀ ਵਿਭਾਗ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਰਿਪੋਰਟ ਅਨੁਸਾਰ ਪੀਰ ਬੱਧੂ ਸ਼ਾਹ ਜੀ ਦੀ ਹਵੇਲੀ, ਸਢੋਰਾ, ਯਮੁਨਾਨਗਰ (ਹਰਿਆਣਾ) ਦੀ ਪੁਰਾਣੀ ਇਮਾਰਤ ਦੀ ਦਿੱਖ ਨੂੰ ਕਾਇਮ ਰੱਖਿਆ ਜਾਵੇ ਅਤੇ ਇਮਾਰਤ ਦੀ ਸਾਂਭ-ਸੰਭਾਲ ਸਬੰਧੀ ਲੱਕੜ ਦੀ ਆਈਟਮ ਡੀਲੀਟ ਕਰਦਿਆਂ ਐਸਟੀਮੇਟ 14,50,000/-ਅੱਖਰੀਂ ਚੌਦਾਂ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ ਦੀ ਪ੍ਰਵਾਨਗੀ ਦੇਣ ਦਾ ਮਾਮਲਾ, **ਮਾਮਲਾ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪੀਰ ਬੱਧੂ ਸ਼ਾਹ ਜੀ ਹਵੇਲੀ ਦੀ ਸਾਂਭ ਸੰਭਾਲ ਲਈ 14,50,000/-ਅੱਖਰੀਂ ਚੌਂਦਾ ਲੱਖ ਪੰਜਾਹ ਹਜ਼ਾਰ ਰੁਪਏ ਦਾ ਐਸਟੀਮੇਟ ਪ੍ਰਵਾਨ ਕੀਤਾ ਜਾਂਦਾ ਹੈ। ਕੰਮ ਸ੍ਰ. ਰਘੂਜੀਤ ਸਿੰਘ ਜੀ ਸੀਨੀਅਰ ਪ੍ਰਧਾਨ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਨਿਗਰਾਨੀ ਹੇਠ ਇਮਾਰਤੀ ਵਿਭਾਗ ਰਾਹੀਂ ਕਰਵਾਇਆ ਜਾਵੇ। ਇਸ ਕਾਰਜ ਪੁਰ ਹੋਣ ਵਾਲੇ ਖਰਚ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ ਕੀਤੇ ਜਾਣਗੇ। ਖ੍ਰੀਦਾਂ, ਗੁ: ਇੰਸਪੈਕਟਰ ਦੀ ਹਾਜ਼ਰੀ ਵਿੱਚ ਕੀਤੀਆਂ ਜਾਣ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21261

ਮਿਤੀ 21-7-2022

ਉਤਾਰਾ:
1. ਸਕੱਤਰ ਸਾਹਿਬ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।
2. ਮੀਤ ਸਕੱਤਰ ਜੀ, ਸਬ-ਆਫਿਸ,ਸ਼੍ਰੋਮਣੀ ਗੁ: ਪ੍ਰ: ਕਮੇਟੀ, ਚੰਡੀਗੜ੍ਹ।
3. ਐਕਸੀਅਨ ਜੀ (ਇਮਾਰਤੀ ਵਿਭਾਗ), ਸ਼੍ਰੋਮਣੀ ਗੁ: ਪ੍ਰ: ਕਮੇਟੀ।
4. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 670 ਦੀ ਨਕਲ :-**

ਦਫਤਰ-ਸਿੱਖ ਮਿਸ਼ਨ, ਦਿੱਲੀ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪੱਤ੍ਰਿਕਾ ਨੰਬਰ 163, ਮਿਤੀ 01-07-2022 ਦੇ ਸਬੰਧ ਵਿੱਚ ਦਫਤਰੀ ਰਿਪੋਰਟਾਂ ਅਨੁਸਾਰ ਅਫਗਾਨਿਸਤਾਨ ਤੋਂ ਭਾਰਤ ਵਿਖੇ ਵੱਖ-ਵੱਖ ਜਹਾਜਾਂ ਰਾਹੀਂ ਆਏ ਗਿਆਰਾਂ (11) ਅਫਗਾਨੀ ਸਿੱਖ ਯਾਤਰੂਆਂ ਅਤੇ ਅੱਗੋਂ ਤੋਂ ਆਉਣ ਵਾਲੇ ਯਾਤਰੂਆਂ ਦੀਆਂ ਹਵਾਈ ਜਹਾਜਾਂ ਦੀਆਂ ਟਿਕਟਾਂ ਦੀ ਅਦਾਇਗੀ ਕੁਦਰਤੀ ਆਫਤਾਂ ਫੰਡ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵਿਚੋਂ ਕਰਨ ਦੀ ਪੁੱਜੀ ਮੰਗ, **ਦਾ ਮਾਮਲਾ, ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਅਾਫਗਾਨਿਸਤਾਨ ਤੋਂ ਭਾਰਤ ਵਿਖੇ ਜਹਾਜ਼ਾਂ ਰਾਹੀਂ ਆਏ ਗਿਆਰਾਂ (11) ਅਫਗਾਨੀ ਸਿੱਖ ਯਾਤਰੂਆਂ ਅਤੇ ਅੱਗੋਂ ਤੋਂ ਆਉਣ ਵਾਲੇ ਯਾਤਰੂਆਂ ਦੀਆਂ ਹਵਾਈ ਜਹਾਜ ਦੀਆਂ ਟਿਕਟਾਂ ਅਤੇ ਹੋਰ ਫੁੱਟਕਲ ਖਰਚਾਂ ਦੀ ਅਦਾਇਗੀ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ "ਕੁਦਰਤੀ ਆਫਤਾਂ ਫੰਡ" ਵਿਚੋਂ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21249

ਮਿਤੀ 19-7-2022

ਉਤਾਰਾ: 1. ਮੁੱਖ ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ ਸਿੱਖ ਮਿਸ਼ਨ, ਦਿੱਲੀ ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 677 ਦੀ ਨਕਲ :-**

ਸ੍ਰ. ਕਰਨੈਲ ਸਿੰਘ ਜੀ ਪੰਜੋਲੀ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੂੰ ਭਾਰਤ ਸਰਕਾਰ ਵੱਲੋਂ ਆਪਣੇ ਅਧੀਨ ਕਰਨ ਦੀ ਕੀਤੀ ਜਾ ਰਹੀ ਕਾਰਵਾਈ ਸਬੰਧੀ ਮਾਮਲਾ, ਪੇਸ਼ ਕਰਨ ਤੇ ਪ੍ਰਧਾਨ **ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਈ ਗਈ ਸੀ। ਪੰਜਾਬ ਯੂਨੀਵਰਸਿਟੀ ਪਹਿਲਾਂ ਪੰਜਾਬ ਦੀ ਰਾਜਧਾਨੀ ਲਾਹੌਰ ਵਿਖੇ ਚੱਲਦੀ ਸੀ, 1947 ਵਿੱਚ ਦੇਸ਼ ਦੀ ਵੰਡ ਉਪਰੰਤ ਪੰਜਾਬ ਯੂਨੀਵਰਸਿਟੀ ਪਾਕਿਸਤਾਨ ਵਿਚ ਚਲੀ ਜਾਣ ਕਾਰਨ, ਨਵੀਂ ਪੰਜਾਬ ਯੂਨੀਵਰਸਿਟੀ, ਪੰਜਾਬ ਦੀ ਆਰਜੀ ਰਾਜਧਾਨੀ ਸ਼ਿਮਲਾ ਵਿਖੇ ਸਥਾਪਿਤ ਕੀਤੀ ਗਈ। ਉਪਰੰਤ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਬਨਣ 'ਤੇ ਨਵੀਂ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਸਥਾਪਿਤ ਹੋਈ।ਪੰਜਾਬ ਦੇ ਲਗਭਗ ਤੀਜਾ ਹਿੱਸਾ ਕਾਲਜ, ਪੰਜਾਬ ਯੂਨੀਵਰਸਿਟੀ ਨਾਲ ਅਟੈਚ ਹਨ ਪਰੰਤੂ ਹੁਣ ਭਾਰਤ ਸਰਕਾਰ ਰਾਜਨੀਤਿਕ ਕਾਰਨਾਂ ਕਰਕੇ ਇਸ ਯੂਨੀਵਰਸਿਟੀ ਨੂੰ ਸਿੱਧੇ ਤੌਰ ਤੇ ਆਪਣੇ ਅਧੀਨ ਕਰਨਾ ਚਾਹੁੰਦੀ ਹੈ।**

**ਅੱਜ ਦੀ ਇਹ ਇਕੱਤਰਤਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਪੰਜਾਬ ਪਾਸੋਂ ਖੋਹਣ ਦੀਆਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੀ ਪੁਰਜ਼ੋਰ ਨਿੰਦਾ ਕਰਦੀ ਹੈ ਅਤੇ ਭਾਰਤ ਸਰਕਾਰ ਪਾਸੋਂ ਮੰਗ ਕਰਦੀ ਹੈ ਕਿ ਪੰਜਾਬ ਯੂਨੀਵਰਸਿਟੀ ਦਾ ਪ੍ਰਬੰਧ ਸਿੱਧੇ ਤੌਰ ਤੇ ਪੰਜਾਬ ਦੇ ਹਵਾਲੇ ਕੀਤਾ ਜਾਵੇ।**

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 31255

ਮਿਤੀ 19-7-2022

ਉਤਾਰਾ:
1. ਮਾਨਯੋਗ ਰਾਜਪਾਲ ਜੀ (ਪੰਜਾਬ),ਪੰਜਾਬ ਰਾਜ ਭਵਨ, ਚੰਡੀਗੜ੍ਹ।
2. ਮੁੱਖ ਮੰਤਰੀ ਜੀ (ਪੰਜਾਬ), ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।
3. ਵਾਈਸ ਚਾਂਸਲਰ ਜੀ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 06-07-2022 (22 ਹਾੜ ਸੰਮਤ ਨਾਨਕਸ਼ਾਹੀ 554) ਦੇ ਮਤਾ ਨੰਬਰ 678 ਦੀ ਨਕਲ :-**

ਸ੍ਰ. ਕਰਨੈਲ ਸਿੰਘ ਜੀ ਪੰਜੋਲੀ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ: ਕਮੇਟੀ ਵੱਲੋਂ ਮੱਤੇਵਾੜਾ ਜੰਗਲ ਨੂੰ ਬਰਬਾਦ ਕਰਕੇ ਇੰਡਰਸਟੀਅਲ ਪਾਰਕ ਬਣਾਉਣ ਦੀ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਕਾਰਵਾਈ ਸਬੰਧੀ ਮਾਮਲਾ, ਪੇਸ਼ ਕਰਨ ਤੇ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪੰਜਾਬ ਸਰਕਾਰ ਵੱਲੋਂ ਮੱਤੇਵਾੜਾ ਜੰਗਲ ਨੂੰ ਬਰਬਾਦ ਕਰਕੇ ਉਥੇ ਇੰਡਰਸਟੀਅਲ ਪਾਰਕ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵਾਤਾਵਰਣ ਮਾਹਿਰਾਂ ਦੀ ਰਾਇ ਅਨੁਸਾਰ ਪੰਜਾਬ ਦੀ ਜ਼ਮੀਨ ਉੱਤੇ 33% ਰੁੱਖ ਲਗਾਉਣ ਦੀ ਜ਼ਰੂਰਤ ਹੈ ਜਦਕਿ ਮੌਜੂਦਾ ਸਮੇਂ ਪੰਜਾਬ ਵਿੱਚ ਕੇਵਲ 6% ਰੁੱਖ ਹੀ ਹਨ, ਜਿਸ ਕਾਰਨ ਪੰਜਾਬ ਦਾ ਵਾਤਾਵਰਣ ਪਹਿਲਾਂ ਹੀ ਬਹੁਤ ਪ੍ਰਦੂਸ਼ਤ ਹੈ। ਅਜਿਹੀ ਸਥਿਤੀ ਵਿੱਚ ਪੰਜਾਬ ਸਰਕਾਰ ਵੱਲੋਂ ਮੱਤੇਵਾੜਾ ਜੰਗਲ ਨੂੰ ਬਰਬਾਦ ਕਰਨ ਦੀ ਕੀਤੀ ਜਾ ਰਹੀ ਕੋਸ਼ਿਸ਼ ਬਹੁਤ ਹੀ ਨਿੰਦਣਯੋਗ ਹੈ।

ਅੱਜ ਦੀ ਇਹ ਇਕੱਤਰਤਾ ਪੰਜਾਬ ਸਰਕਾਰ ਨੂੰ ਚਿਤਾਵਨੀ ਦੇਂਦੀ ਹੈ, ਮੱਤੇਵਾੜਾ ਜੰਗਲ ਨੂੰ ਉਜਾੜਨ ਦੀਆਂ ਕੋਸ਼ਿਸ਼ਾਂ ਤੁਰੰਤ ਬੰਦ ਕੀਤੀਆਂ ਜਾਣ।

ਅੱਜ ਦੀ ਇਹ ਇਕੱਤਰਤਾ ਵਾਤਾਵਰਣ ਦੀ ਸੰਭਾਲ ਲਈ ਵਚਨਬੱਧਤਾ ਪ੍ਰਗਟਾਉਂਦੀ ਹੈ। ਵਾਤਾਵਰਣ ਦੀ ਸੰਭਾਲ ਲਈ ਸ਼੍ਰੋਮਣੀ ਗੁ:ਪ੍ਰ: ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਆਉਂਦੇ ਸਮੂਹ ਗੁਰਦੁਆਰਾ ਸਾਹਿਬਾਨ ਦੀ ਇੱਕ-ਇੱਕ ਏਕੜ ਜ਼ਮੀਨ ਵਿਚ ਬਾਗ (ਜੰਗਲ) ਲਗਾਉਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਬਾਗ (ਜੰਗਲ) ਲਗਾਉਣ ਲਈ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਵਾਲੇ ਖਡੂਰ ਸਾਹਿਬ ਪਾਸੋਂ ਸਹਿਯੋਗ (ਸੇਵਾ) ਲਿਆ ਜਾਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 2252

ਮਿਤੀ 19-7-2022

ਉਤਾਰਾ:
1. ਮੁੱਖ ਮੰਤਰੀ ਜੀ ਪੰਜਾਬ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।
2. ਸਕੱਤਰ ਸਾਹਿਬ ( ) ਸ਼੍ਰੋਮਣੀ ਗੁ:ਪ੍ਰ: ਕਮੇਟੀ।
3. ਇੰਚਾਰਜ ਜੀ, ਸੈਕਸ਼ਨ-85, ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ, ਸੈਕਸ਼ਨ-87, ਸ਼੍ਰੋਮਣੀ ਗੁ:ਪ੍ਰ:ਕਮੇਟੀ।।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।